**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 04-04-2024**

- ਭਾਰਤ ਚੋਣ ਕਮਿਸ਼ਨ ਨੇ ਸਰਕਾਰੀ ਕਰਮਚਾਰੀਆਂ ਵਲੋਂ ਪੋਸਟਲ ਬੈਲਟ ਰਾਹੀਂ, ਆਪਣੀ ਵੋਟ ਨਾ ਪਾ ਸਕਣ ਸੰਬੰਧੀ, ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ 'ਤੇ ਚਲਦੇ ਸੰਦੇਸ਼ਾਂ ਨੂੰ ਗੁੰਮਰਾਹਕੁੰਨ ਦੱਸਿਆ।
- ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫਸਰ ਡਾ. ਪੱਲਵੀ ਦੀ ਵਿਲੱਖਣ ਪਹਿਲਕਦਮੀ ਸਦਕਾ, ਚੋਣਾਂ ਨਾਲ ਸਬੰਧਤ ਜ਼ਿਲੇ ਦੀ ਜਾਣਕਾਰੀ ਦੇਣ ਲਈ, 'ਬੂਥ ਰਾਬਤਾ' ਨਾਮਕ ਵਿਸ਼ੇਸ਼ ਵੈਬਸਾਈਟ ਜਾਰੀ।
- ਪੰਜਾਬ ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ ਅਰਪਿਤ ਸ਼ੁਕਲਾ ਨੇ ਚੋਣਾਂ ਦੌਰਾਨ, ਸਖਤ ਸੁਰੱਖਿਆ ਪ੍ਰਬੰਧਾਂ ਲਈ BSF ਸਮੇਤ ਹੋਰਨਾਂ ਏਜੇਂਸੀਆਂ ਵਿਚਾਲੇ ਬੇਹਤਰ ਤਾਲਮੇਲ ਤੇ ਜ਼ੋਰ ਦਿੱਤਾ।

-----------------------------------------------------

ਭਾਰਤੀ  ਚੋਣ ਕਮਿਸ਼ਨ ਨੇ ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ 'ਤੇ ਘੁੰਮ ਰਹੇ ਸੰਦੇਸ਼ਾਂ ਵਿੱਚ ਕੀਤੇ ਗਏ ਗੁੰਮਰਾਹਕੁੰਨ ਦਾਅਵੇ ਦੀ ਨਿੰਦਾ ਕੀਤੀ ਏ, ਜਿਸ ਵਿੱਚ ਕਿਹਾ ਗਿਆ ਏ ਕਿ ਸਰਕਾਰੀ ਕਰਮਚਾਰੀ ਪੋਸਟਲ ਬੈਲਟ ਰਾਹੀਂ ਆਪਣੀ ਵੋਟ ਨਹੀਂ ਪਾ ਸਕਦੇ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਚੋਣ ਕਮਿਸ਼ਨ ਨੇ ਕਿਹਾ ਕਿ ਚੋਣ ਡਿਊਟੀ 'ਤੇ ਯੋਗ ਅਧਿਕਾਰੀ ਇੱਕ ਨਾਮਜ਼ਦ  ਵੋਟਰ ਸੁਵਿਧਾ ਕੇਂਦਰ ਵਿੱਚ ਪੋਸਟਲ ਬੈਲਟ ਰਾਹੀਂ ਆਪਣੀ ਵੋਟ ਪਾ ਸਕਦੇ ਨੇ । ਕਮਿਸ਼ਨ ਨੇ ਲੋਕਾਂ ਨੂੰ ਸਾਵਧਾਨ ਰਹਿਣ ਅਤੇ ਇਨ੍ਹਾਂ ਗੁੰਮਰਾਹਕੁੰਨ ਤੇ ਫਰਜ਼ੀ ਸੰਦੇਸ਼ਾਂ 'ਤੇ ਧਿਆਨ ਨਾ ਦੇਣ ਦੀ ਅਪੀਲ ਕੀਤੀ ਏ।

-----------------------------------------------------

ਭਾਰਤ ਦੇ  ਉੱਪ ਚੋਣ ਕਮਿਸ਼ਨਰ ਹਿਰਦੇਸ਼ ਕੁਮਾਰ ਅਤੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਦੀ ਅਗਵਾਈ ਹੇਠ ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫਸਰ ਡਾ. ਪੱਲਵੀ ਦੀ ਵਿਲੱਖਣ ਪਹਿਲਕਦਮੀ ਤਹਿਤ ਚੋਣਾਂ ਨਾਲ, ਸਬੰਧਤ ਜਾਣਕਾਰੀ ਪ੍ਰਦਾਨ ਕਰਨ ਵਾਸਤੇ 'ਬੂਥ

ਰਾਬਤਾ' ਨਾਮਕ ਇੱਕ ਵਿਸ਼ੇਸ਼ ਵੈਬਸਾਈਟ ਜਾਰੀ ਕੀਤੀ ਗਈ ਏ । ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਡਾ. ਸਿਮਰਤ ਕੌਰ ਤੋਂ ਇਲਾਵਾ, ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰ, ਪੁਲਿਸ ਕਮਿਸ਼ਨਰ ਅਤੇ ਜ਼ਿਲਿਆਂ ਦੇ ਪੁਲਿਸ ਮੁਖੀ ਮੌਜੂਦ ਸਨ । ਡਾ. ਪੱਲਵੀ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਇਸ ਵਿਸ਼ੇਸ਼ ਵੈਬਸਾਈਟ 'ਬੂਥ ਰਾਬਤਾ' ਨਾਲ ਜੁੜਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਨਾ ਸਿਰਫ ਵੋਟਰਾਂ ਸਗੋਂ ਕਿਸੇ ਵੀ ਜਰੂਰੀ ਸਥਿਤੀ ਵਿੱਚ, ਪੋਲਿੰਗ ਸਟਾਫ ਲਈ ਵੀ ਮਦਦਗਾਰ ਹੋਵੇਗੀ ।

ਵੇਰਵੇ ਨਾਲ ਇਹ ਰਿਪੋਰਟ :

***ਡਿਸਪੈਚ: ਬੂਥ ਰਾਬਤਾ ਇਹ ਨਾਮ ਏ ਉਸ ਵੈਬਸਾਈਟ ਦਾ ਜਿਹੜੀ ਚੋਣਾਂ ਨਾਲ ਸੰਬੰਧਤ ਵੱਖ ਵੱਖ ਮੁਦਿਆਂ ਤੇ ਮਾਲੇਰਕੋਟਲਾ ਜ਼ਿਲੇ ਦੇ ਵੋਟਰਾਂ ਦਾ ਮਾਰਗ ਦਰਸ਼ਨ ਕਰੇਗੀ। ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾਕਟਰ ਪੱਲਵੀ ਅਨੁਸਾਰ ਵੈਬਸਾਈਟ ਰਾਹੀਂ ਜ਼ਿਲੇ ਦੇ ਲੋਕ ਅਹਿਮ ਜਾਣਕਾਰੀ ਲੈ ਸਕਦੇ ਨੇ। Byte ਡਾਕਟਰ ਪੱਲਵੀ ਦੱਸਦੇ ਨੇ ਕਿ ਗਰਮੀ ਦੌਰਾਨ ਲੂ ਚੱਲਣ ਦੀ ਸੰਭਾਵਨਾ ਨੂੰ ਵੇਖਦਿਆਂ ਐਮਬੂਲੈਂਸ ਬੁਲਾਉਣ ਵਿਚ ਇਹ ਐਪ ਮਦਦਗਾਰ ਬਣੇਗੀ। Byte ਪਹਿਲੀ ਵਾਰ***

***ਵੋਟ ਪਾਉਣ ਵਾਲੇ ਨੌਜਵਾਨ ਬੂਥ ਰਾਬਤਾ ਰਾਹੀਂ ਸਰਟੀਫਿਕੇਟ ਲੈ ਸਕਣਗੇ। Byte ਯਕੀਨਨ ਡਿਪਟੀ ਕਮਿਸ਼ਨਰ ਡਾਕਟਰ ਪੱਲਵੀ ਦਾ 'ਬੂਥ ਰਾਬਤਾ ਵੈਬਸਾਈਟ ਦਾ ਇਹ ਨਿਵੇਕਲਾ ਕਦਮ ਚੋਣਾਂ ਦੌਰਾਨ ਸਾਰਿਆਂ ਲਈ ਰਾਹ ਦਸੇਰਾ ਬਣੇਗਾ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।***

------------------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰੀ ਪੋਲੀ- ਟੈਕਨੀਕਲ ਕਾਲਜ ਵਿਖੇ 3 ਪੋਲਿੰਗ ਬੂਥਾਂ ਨਾਲ ਸਬੰਧਤ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਦੌਰਾਨ ਸਵੀਪ ਟੀਮ ਮੈਬਰਾਂ ਨੇ, ਵਿਦਿਆਰਥੀਆਂ ਨੂੰ ਵੋਟ ਬਣਾਉਣ ਤੇ ਭਾਰਤੀ ਲੋਕਤੰਤਰ ਮਜਬੂਤ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 18 ਸਾਲ ਦੇ ਨੌਜਵਾਨ ਵਿਦਿਆਰਥੀਆਂ ਨੂੰ ਨਵੀ ਵੋਟ ਬਣਾਉਣ ਲਈ ਉਤਸਾਹਿਤ ਕੀਤਾ ਗਿਆ ਅਤੇ ਵੋਟ ਦੀ ਮੱਹਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਸਵੀਪ ਟੀਮ ਮੈਬਰ ਨੇ, ਵਿਦਿਆਰਥੀਆਂ ਨੂੰ ਵੋਟ ਬਣਾਉਣ ਤੇ ਭਾਰਤੀ ਲੋਕਤੰਤਰ ਮਜਬੂਤ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ

ਇਲਾਵਾ ਉਨ੍ਹਾਂ ਵਲੋਂ ਵਿਦਿਆਰਥੀਆਂ ਨੂੰ ਵੋਟਰ ਹੈਲਪ ਲਾਈਨ, ਸੀ-ਵੀਜ਼ਲ ਐਪ ਅਤੇ ਕੇ.ਵਾਈ.ਸੀ ਐਪ ਸਬੰਧੀ ਵੀ ਜਾਣਕਾਰੀ ਦਿੱਤੀ ਗਈ।

-----------------------------------------------------------------

ਆਮ ਚੋਣਾਂ 2024 ਨੂੰ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹਾਉਣ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ, ਕਾਨੂੰਨ ਤੇ ਵਿਵਸਥਾ ਬਾਰੇ ਪੰਜਾਬ ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ ਅਰਪਿਤ ਸ਼ੁਕਲਾ ਨੇ ਅੱਜ ਸੀਮਾ ਸੁਰੱਖਿਆ ਬਲ ਨਾਲ ਰਣਨੀਤੀ ਤਿਆਰ ਕੀਤੀ ਤਾਂ ਜੋ ਸੁਰੱਖਿਆ ਦੀ ਦੂਜੀ ਕਤਾਰ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਸਰਹੱਦ ਪਾਰੋਂ ਨਸ਼ਿਆਂ ਦੀ ਸਪਲਾਈ ਲੜੀ ਨੂੰ ਪੂਰੀ ਤਰ੍ਹਾਂ ਠੱਲ ਪਾਈ ਜਾ ਸਕੇ । ਵਿਸ਼ੇਸ਼ DGP ਦੇ ਨਾਲ ਆਈ.ਜੀ. ਫਰੰਟੀਅਰ ਹੈੱਡਕੁਆਰਟਰ, ਬੀ.ਐਸ.ਐਫ. ਜਲੰਧਰ ਡਾ: ਅਤੁਲ ਫੁਲਝੇਲੇ ਨੇ ਸਰਹੱਦ ’ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅਤੇ ਲੋਕਸਭਾ ਚੋਣਾਂ ਨਾਲ ਸਬੰਧਤ ਮੁੱਦਿਆਂ ’ਤੇ ਚਰਚਾ ਕਰਨ ਲਈ ਪੰਜਾਬ ਪੁਲਿਸ, ਬੀ.ਐਸ.ਐਫ, ਸੀਆਰਪੀਐਫ, ਆਈਟੀਬੀਪੀ, ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਹੋਰ ਕੇਂਦਰੀ ਏਜੰਸੀਆਂ ਦੇ ਸੀਨੀਅਰ

ਅਧਿਕਾਰੀਆਂ ਨਾਲ ਅੱਜ ਇੱਕ ਸਾਂਝੀ ਤਾਲਮੇਲ ਮੀਟਿੰਗ ਕੀਤੀ । ਮੀਟਿੰਗ ਵਿੱਚ ਜ਼ੋਨਲ ਡਾਇਰੈਕਟਰ ਐਨ.ਸੀ.ਬੀ., ADGP ਸਟੇਟ ਆਰਮਡ ਪੁਲਿਸ MF ਫਾਰੂਕੀ, DIG ਬਾਰਡਰ ਰੇਂਜ ਰਾਕੇਸ਼ ਕੌਸ਼ਲ ਅਤੇ DIG ਫਿਰੋਜ਼ਪੁਰ ਰੇਂਜ ਰਣਜੀਤ ਸਿੰਘ ਢਿੱਲੋਂ ਵੀ ਹਾਜ਼ਰ ਸਨ । ਬੀ.ਐਸ.ਐਫ ਅਤੇ ਪੰਜਾਬ ਪੁਲਿਸ ਦਰਮਿਆਨ ਵਧੇਰੇ ਤਾਲਮੇਲ ਅਤੇ ਇੱਕਜੁਟਤਾ ਦਾ ਸੱਦਾ ਦਿੰਦੇ ਹੋਏ ਅਰਪਿਤ ਸ਼ੁਕਲਾ ਨੇ ਸਰਹੱਦੀ ਸੂਬੇ ਵਿੱਚ ਪਾਰਦਰਸ਼ੀ ਅਤੇ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ ਦੋਵਾਂ ਫੋਰਸਾਂ ਨੂੰ ਇੱਕ ਟੀਮ ਵਜੋਂ ਕੰਮ ਕਰਨ ਲਈ ਕਿਹਾ । ਉਨ੍ਹਾਂ ਕਿਹਾ ਕਿ ਸੁਰੱਖਿਆ ਦੀ ਮੋਹਰਲੀ ਕਤਾਰ ਵਿੱਚ ਤਾਇਨਾਤ ਹੋਣ ਕਰਕੇ ਬੀ ਐਸ ਐਫ ਨੂੰ ਅਤਵਾਦੀਆਂ, ਦਹਿਸ਼ਤਗਰਦਾਂ ਜਾਂ ਤਸਕਰਾਂ ਵੱਲੋਂ ਤਸਕਰੀ ਅਤੇ ਘੁਸਪੈਠ ਦੀਆਂ ਕੋਸ਼ਿਸ਼ਾਂ ਰੋਕਣ ਲਈ ਵਧੇਰੇ ਚੌਕਸ ਤੇ ਮੁਸਤੈਦ ਰਹਿਣ ਦੀ ਜਰੂਰਤ ਏ । ਉਨ੍ਹਾਂ ਕੌਮਾਂਤਰੀ ਸਰਹੱਦ ’ਤੇ ਰਾਤ ਦੀ ਗਸ਼ਤ ’ਤੇ ਤਾਇਨਾਤ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਧਾਉਣ ਦੇ ਵੀ ਹੁਕਮ ਦਿੱਤੇ । ਵਿਸ਼ੇਸ਼ DGP ਨੇ ਬੀ.ਐਸ.ਐਫ ਨੂੰ ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਲਈ ਵਰਤੇ ਜਾਂਦੇ ਡਰੋਨ ਅਪਰੇਸ਼ਨਾਂ ਦੇ ਮੁਕਾਬਲੇ ਲਈ

ਡਰੋਨ ਡੀਟੈਕਸ਼ਨ ਤਕਨਾਲੋਜੀ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸ ਐਸ ਪੀਜ਼ ਨੂੰ ਵੀ ਹਦਾਇਤ ਕੀਤੀ ਕਿ ਉਹ ਪਿੰਡ ਪੱਧਰੀ ਸੁਰੱਖਿਆ ਕਮੇਟੀ ਦੇ ਮੈਂਬਰਾਂ ਨਾਲ ਨਿਯਮਤ ਮੀਟਿੰਗਾਂ ਕਰਨ ਅਤੇ ਫੀਲਡ ਸਟਾਫ਼ ਤੇ VLDC ਮੈਂਬਰਾਂ ਨੂੰ ਡਰੋਨਾਂ ਦੀ ਆਵਾਜਾਈ ’ਤੇ ਸਖ਼ਤ ਨਜ਼ਰ ਰੱਖਣ ਲਈ ਜਾਗਰੂਕ ਕਰਨ।

---------------------------------------------------------------------

ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਅਕਾਲੀ ਦਲ (ਅੰਮ੍ਰਿਤਸਰ) ਦੇ ਉਮੀਦਵਾਰ ਕੁਸ਼ਲਦੀਪ ਸਿੰਘ ਮਾਨ ਦਾ ਕਲ ਖਰੜ ਵਿਖੇ, ਵੋਟਰਾਂ ਤੇ ਪਾਰਟੀ ਸਮਰਥਕਾਂ ਨੇ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਮੁਹਾਲੀ ਜ਼ਿਲ੍ਹੇ ਦੇ ਸੀਨੀਅਰ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਭਾਟੀਆ ਵੀ ਮੌਜੂਦ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਪਾਰਟੀ ਦੀਆਂ ਨੀਤੀਆਂ ਅਤੇ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਪਾਰਟੀ ਵਲੋਂ ਸੂਬੇ ਦੇ 13 ਲੋਕ ਸਭਾ ਹਲਕਿਆਂ ਵਿਚੋਂ 5 ਵਿਚ ਉਮੀਦਵਾਰ ਪਹਿਲਾਂ ਹੀ ਐਲਾਨੇ ਜਾ ਚੁੱਕੇ ਨੇ ਅਤੇ ਪਾਰਟੀ ਸੂਬੇ ਦੀਆਂ ਸਾਰੀਆਂ 13 ਸੀਟਾਂ ਦੇ ਨਾਲ ਨਾਲ ਚੰਡੀਗੜ੍ਹ ਤੋਂ ਵੀ ਚੋਣ ਲੜੇਗੀ। ਉਨ੍ਹਾਂ

ਸਾਰੀਆਂ ਹੀ ਸਿਆਸੀ ਪਾਰਟੀਆਂ ਆਮ ਆਦਮੀ ਪਾਰਟੀ, ਕਾਂਗਰਸ, ਅਕਾਲੀ ਦਲ ਬਾਦਲ, BJP 'ਤੇ ਵੀ ਤਿੱਖੇ ਹਮਲੇ ਕਰਦਿਆਂ, ਇਨ੍ਹਾਂ ਨੂੰ ਲੋਕ ਵਿਰੋਧੀ ਕਰਾਰ ਦਿੱਤਾ ਕਿਉਂਕਿ ਇਨ੍ਹਾਂ ਨੇ 77 ਸਾਲ ਰਾਜ ਕੀਤਾ ਪਰ ਲੁੱਟ-ਖਸੁੱਟ ਤੋਂ ਸਿਵਾਏ ਕੁਝ ਨਹੀਂ ਕੀਤਾ।

-----------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਫਰੀਦਕੋਟ ਵੱਲੋਂ, ਕਿਸਾਨਾਂ ਨੂੰ ਮਿਆਰੀ ਖੇਤੀ ਸਮੱਗਰੀ ਉਪਲਬਧ ਕਰਵਾਉਣ ਦੇ ਮਕਸਦ ਨਾਲ ਚਲਾਈ ਜਾ ਰਹੀ ਮੁਹਿੰਮ ਨੂੰ ਉਸ ਵੇਲੇ ਸਫਲਤਾ ਮਿਲੀ ਜਦੋਂ ਜ਼ਿਲਾ ਫਰੀਦਕੋਟ ਜ਼ਿਲੇ ਦੇ ਵੱਖ ਵੱਖ ਕੀਟਨਾਸ਼ਕ /ਖਾਦਾਂ ਦੀਆਂ ਦੁਕਾਨਾਂ ਤੋਂ ਭਰੇ ਸੈਂਪਲਾਂ ਵਿੱਚੋਂ 2 ਨਮੂਨੇ ਗੈਰ ਮਿਆਰੀ ਪਾਏ ਗਏ। ਨਮੂਨਿਆਂ ਨਾਲ ਸੰਬੰਧਤ ਵਿਅਕਤੀਆਂ ਤੇ ਫਰਮਾਂ ਨੂੰ ਜ਼ਿਲਾ ਅਦਾਲਤ ਨੇ ਜ਼ੁਰਮਾਨਾ ਕੀਤਾ ਏ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਮਿਆਰੀ ਦਵਾਈਆਂ, ਖਾਦਾਂ, ਤੇ ਬੀਜ ਉਬਲਬਧ ਕਰਵਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਵਿਸ਼ੇਸ਼ ਮੁਹਿੰਮ ਤਹਿਤ

ਖਾਦ, ਕੀਟਨਾਸ਼ਕ ਅਤੇ ਬੀਜ ਵਿਕ੍ਰੇਤਾਵਾਂ ਦੇ ਕਾਰੋਬਾਰ ਸਥਾਨਾਂ ਤੋਂ ਨਮੂਨੇ ਭਰੇ ਜਾਂਦੇ ਨੇ ਅਤੇ ਇਨਾਂ ਨੂੰ ਪਰਖ ਲਈ ਵੱਖ ਵੱਖ ਪ੍ਰਯੋਗਸ਼ਾਲਾਵਾਂ ਵਿੱਚ ਭੇਜਿਆ ਗਿਆ ਸੀ। ਇਸ ਵਿਚੋਂ ਦੋ ਸੈਂਪਲ ਗੈਰ ਮਿਆਰੀ ਪਾਏ ਗਏ ਜਿਸ ਲਈ ਅਦਾਲਤ ਨੇ ਇਨਾਂ ਨੂੰ 10-10 ਹਜਾਰ ਰੁਪਏ ਦਾ ਜੁਰਮਾਨਾ ਕੀਤਾ ਏ।

---------------------------------------------------------------

ਮੁਹਾਲੀ ਦੇ ਮੁੱਖ ਖੇਤੀਬਾੜੀ ਅਫਸਰ, ਡਾ. ਗੁਰਮੇਲ ਸਿੰਘ ਨੇ ਕਿਹਾ ਕਿ ਜ਼ਿਲੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ ਸਾਲ 2024-25 ਦੌਰਾਨ ਜ਼ੀਰੋ ਬਰਨਿੰਗ ਦਾ ਟੀਚਾ ਮਿਥਿਆ ਗਿਆ ਏ, ਜਿਸ ਦੀ ਪੂਰਤੀ ਲਈ ਕਿਸਾਨ ਅਤੇ ਕਿਸਾਨ ਜਥੇਬੰਦੀਆਂ ਦੇ ਭਰਪੂਰ ਸਹਿਯੋਗ ਦੀ ਜ਼ਰੂਰਤ ਏ। ਉਨ੍ਹਾਂ ਕਿਹਾ ਕਿ ਕਣਕ ਦੀ ਵਾਢੀ ਮਗਰੋਂ ਤੂੜੀ ਬਨਾਉਣ ਉਪਰੰਤ ਬਚੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਵਾਹ ਕੇ ਝੋਨੇ ਦੀ ਲਵਾਈ ਕਰਨੀ ਚਾਹੀਦੀ ਏ। ਉਨ੍ਹਾਂ ਡਿਪਟੀ ਕਮਿਸ਼ਨਰ ਵੱਲੋਂ ਫੌਜਦਾਰੀ ਜ਼ਾਬਤਾ ਕ਼ਾਨੂਨ 1973 ( ਆਫ 1974) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਜ਼ਿਲ੍ਹੇ

ਵਿੱਚ ਕੱਚਾ ਦਾਣਾ ਕੱਟਣ ‘ਤੇ ਰੋਕ ਲਾਉਣ ਲਈ ਸ਼ਾਮ 7 ਵਜੇ ਤੋਂ ਸਵੇਰ 9 ਵਜੇ ਤੱਕ ਕੰਬਾਈਨਾਂ ਨਾਲ ਕਟਾਈ ਕਰਨ ‘ਤੇ ਰੋਕ ਲਗਾਉਣ ਦੇ ਹੁਕਮਾਂ ਦੇ ਨਾਲ ਨਾਲ ਜ਼ਿਲ੍ਹੇ ਵਿੱਚ ਕਣਕ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ‘ਤੇ ਪਾਬੰਦੀ ਸਬੰਧੀ ਵੀ ਜਾਣਕਾਰੀ ਦਿੱਤੀ।

---------------------------------------------------------------

ਅੰਮ੍ਰਿਤਸਰ ਦੇ ਕਸਬਾ ਅਜਨਾਲਾ ਲਗੇ ਪਿੰਗ ਕੰਦੋ-ਵਾਲੀਆ ਵਿਚ, ਬੀਤੀ ਰਾਤ ਇਕ ਨਸ਼ੇੜੀ ਨੌਜਵਾਨ ਨੇ ਆਪਣੀ ਮਾਂ, ਭਰਜਾਈ ਅਤੇ ਢਾਈ ਸਾਲ ਦੇ ਭਤੀਜੇ ਦਾ ਕਤਲ ਕਰ ਦਿੱਤਾ। ਇਸ ਤੋਂ ਬਾਅਦ ਖ਼ੂਨ ਨਾਲ ਲੱਥਪੱਥ ਲਾਸ਼ਾਂ ਨੂੰ ਘਰ 'ਚ ਛੱਡ ਕੇ ਉਹ ਸਿੱਧਾ ਥਾਣੇ ਗਿਆ ਅਤੇ ਆਤਮ ਸਮਰਪਣ ਕਰ ਦਿੱਤਾ। ਮੌਕੇ 'ਤੇ ਪਹੁੰਚੀ ਪੁਲਿਸ ਨੇ ਮ੍ਰਿਤਕ ਦੇਹਾਂ ਨੂੰ ਕਬਜ਼ੇ 'ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਏ। ਮੁਲਜ਼ਮ ਦੀ ਪਛਾਣ 35 ਸਾਲਾ ਅੰਮ੍ਰਿਤਪਾਲ ਸਿੰਘ ਵਜੋਂ ਹੋਈ ਏ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਸੇਵਾ ਨਿਭਾਅ ਰਹੇ ਹਰ

ਮੁਲਾਜ਼ਮ ਨੂੰ ਡਰੈੱਸ ਕੋਡ ਦੇ ਨਾਲ-ਨਾਲ ਸ਼ਨਾਖਤੀ ਕਾਰਡ ਪਾਉਣਾ ਜ਼ਰੂਰੀ ਕਰ ਦਿੱਤਾ ਗਿਆ ਏ। ਕਮੇਟੀ ਦਾ ਮੰਨਣਾ ਏ, ਕਿ ਇਸ ਨਾਲ ਸੇਵਾ ਕਰ ਰਹੇ ਮੁਲਾਜ਼ਮਾਂ ਦੀ ਪਛਾਣ ਕਰਨੀ ਆਸਾਨ ਹੋ ਜਾਵੇਗੀ। ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ, ਕਿ 22 ਹਜ਼ਾਰ ਤੋਂ ਵੱਧ ਅਧਿਕਾਰੀਆਂ ਤੇ ਕਰਮਚਾਰੀਆਂ ਲਈ ਡਿਊਟੀ ਦੌਰਾਨ, ਗਲੇ ਵਿੱਚ ਸ਼ਨਾਖਤੀ ਕਾਰਡ ਪਾਉਣਾ ਵੀ ਲਾਜ਼ਮੀ ਕਰ ਦਿੱਤਾ ਗਿਆ ਏ।

---------------------------------------------------------------

ਭਾਰਤ ਨੇ ਓਡੀਸ਼ਾ ਤੱਟ ਤੋਂ ਨਵੀਂ ਪੀੜ੍ਹੀ ਦੀ ਪ੍ਰਮਾਣੂ ਸਮਰੱਥਾ ਵਾਲੀ ਬੈਲਿ-ਸਟਿਕ ਮਿਜ਼ਾਈਲ ਅਗਨੀ ਪ੍ਰਾਈਮ ਦਾ ਬੀਤੀ ਅੱਧੀ ਰਾਤ ਨੂੰ ਸਫਲ ਪ੍ਰੀਖਣ ਕੀਤਾ ਏ । ਰੱਖਿਆ ਖੋਜ ਤੇ ਵਿਕਾਸ ਸੰਗਠਨ DRDO ਵਿੱਚ ਵਿਕਸਤ ਇਸ 2000 ਕਿਲੋਮੀਟਰ ਰੇਂਜ ਦੀ ਮਿਜ਼ਾਈਲ ਨੂੰ, ਛੇਤੀ ਹੀ ਹਥਿਆਰਬੰਦ ਬਲਾਂ ਵਿੱਚ ਸ਼ਾਮਲ ਕੀਤਾ ਜਾਵੇਗਾ। ਇਸ ਮਿਜ਼ਾਈਲ ਦਾ ਭਾਰ ਬਹੁਤ ਵੱਧ ਏ, ਇਸ ਲਈ ਇਸ ਨੂੰ ਪਹਿਲਾਂ ਤੋਂ ਸੇਵਾ ਵਿਚ ਮੌਜੂਦ ਅਗਨੀ-1 ਨਾਲ ਬਦਲਣ ਦੀ ਯੋਜਨਾ ਏ। DRDO ਨੇ ਓਡੀਸ਼ਾ ਦੇ ਤੱਟ ਤੋਂ ਦੂਰ ਡਾ. ਏ.ਪੀ.ਜੇ ਅਬਦੁਲ ਕਲਾਮ

ਟਾਪੂ ਤੋਂ ਇਹ ਟੈਸਟ ਕਰਵਾਇਆ। ਮਿਜ਼ਾਈਲ ਵੱਧ ਤੋਂ ਵੱਧ ਸੀਮਾ ਤੱਕ ਗਈ ਅਤੇ ਆਪਣੇ ਨਿਸ਼ਾਨੇ 'ਤੇ ਸਹੀ ਨਿਸ਼ਾਨਾ ਮਾਰਿਆ। ਇਹ ਅਗਨੀ ਲੜੀ ਦੀ ਆਧੁਨਿਕ, ਘਾਤਕ, ਸਟੀਕ ਅਤੇ ਦਰਮਿਆਨੀ ਰੇਂਜ ਦੀ ਪ੍ਰਮਾਣੂ ਬੈਲਿਸਟਿਕ ਮਿਜ਼ਾਈਲ ਏ। ਭਾਰਤ ਦੀ ਇਹ ਪ੍ਰਮਾਣੂ ਮਿਜ਼ਾਈਲ, ਦੁਸ਼ਮਣ ਦੇ ਕਈ ਟਿਕਾਣਿਆਂ ਨੂੰ ਇੱਕੋ ਸਮੇਂ ਤਬਾਹ ਕਰ ਸਕਦੀ ਏ।

---------------------------------------------------------------------------

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਭਾਰਤ ਚੋਣ ਕਮਿਸ਼ਨ ਨੇ ਸਰਕਾਰੀ ਕਰਮਚਾਰੀਆਂ ਵਲੋਂ ਪੋਸਟਲ ਬੈਲਟ ਰਾਹੀਂ, ਆਪਣੀ ਵੋਟ ਨਾ ਪਾ ਸਕਣ ਸੰਬੰਧੀ, ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ 'ਤੇ ਚਲਦੇ ਸੰਦੇਸ਼ਾਂ ਨੂੰ ਗੁੰਮਰਾਹਕੁੰਨ ਦੱਸਿਆ।
- ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫਸਰ ਡਾ. ਪੱਲਵੀ ਦੀ ਵਿਲੱਖਣ ਪਹਿਲਕਦਮੀ ਸਦਕਾ, ਚੋਣਾਂ ਨਾਲ ਸਬੰਧਤ ਜ਼ਿਲੇ ਦੀ ਜਾਣਕਾਰੀ ਦੇਣ ਲਈ, 'ਬੂਥ ਰਾਬਤਾ' ਨਾਮਕ ਵਿਸ਼ੇਸ਼ ਵੈਬਸਾਈਟ ਜਾਰੀ।

- ਪੰਜਾਬ ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ ਅਰਪਿਤ ਸ਼ੁਕਲਾ ਨੇ ਚੋਣਾਂ ਦੌਰਾਨ, ਸਖਤ ਸੁਰੱਖਿਆ ਪ੍ਰਬੰਧਾਂ ਲਈ BSF ਸਮੇਤ ਹੋਰਨਾਂ ਏਜੇਂਸੀਆਂ ਵਿਚਾਲੇ ਬੇਹਤਰ ਤਾਲਮੇਲ ਤੇ ਜ਼ੋਰ ਦਿੱਤਾ।